**File No.DIPR-PRSS0PRS1(356)/1785/2020-DPRO Amritsar**

**I/31870/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਮਿਸ਼ਨ ਫ਼ਤਿਹ ਤਹਿਤ ਲਾਕਡਾਊਨ ਨਿਯਮਾਂ ਦੀ ਸਖਤੀ

ਜਨਤਕ ਸਥਾਨਾਂ 'ਤੇ ਥੁੱਕਣ ਅਤੇ ਮਾਸਕ ਨਾ ਲਗਾਉਣ ਦਾ ਹੋਵੇਗਾ ਜੁਰਮਾਨਾ

ਵਾਹਨਾਂ 'ਚ ਸਵਾਰੀਆਂ ਦੀ ਨਿਯਮਿਤ ਗਿਣਤੀ ਦੀ ਉਲੰਘਣਾ 'ਤੇ ਹੋਵੇਗੀ ਸਖਤੀ

ਅੰਮ੍ਰਿਤਸਰ, 7 ਜੂਨ ( )-ਪੰਜਾਬ ਸਰਕਾਰ ਵੱਲੋਂ ਮਿਸ਼ਨ ਫ਼ਤਿਹ ਤਹਿਤ ਲੋਕਾਂ ਨੂੰ ਕੋਰੋਨਾ ਦੇ ਖਤਰੇ ਤੋਂ ਸੁਚੇਤ ਕਰਨ ਦੀ ਕੋਸ਼ਿਸ਼ਾਂ ਦੀਆਂ ਜਾਣ ਬੁੱਝ ਕੇ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕਮਿਸ਼ਨਰ ਪੁਲਿਸ ਵੱਲੋਂ ਸਖਤੀ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

ਕਮਿਸ਼ਨਰ ਪੁਲਿਸਸ ਡਾ. ਸੁਖਚੈਨ ਸਿੰਘ ਗਿੱਲ ਨੇ ਜਵਾਨਾਂ ਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਕੋਰੋਨਾ ਤੋਂ ਬਚਾਅ ਲਈ ਸਭ ਤੋਂ ਜ਼ਰੂਰੀ ਨਿਯਮਾਂ 'ਚ ਮੂੰਹ ਤੇ ਮਾਸਕ ਪਹਿਨਣਾ ਅਤੇ ਜਨਤਕ ਥਾਂਵਾਂ 'ਤੇ ਬਿਲਕੁਲ ਵੀ ਨਾ ਥੁੱਕਣ ਨੂੰ ਹਰ ਹਾਲਤ ਵਿਚ ਲਾਗੂ ਕੀਤਾ ਜਾਵੇ। ਉਨਾਂ ਕਿਹਾ ਕਿ ਜੋ ਲੋਕ ਇਨਾਂ ਜ਼ਰੂਰੀ ਹਦਾਇਤਾਂ ਨੂੰ ਭੁੱਲ ਕੇ ਫ਼ਿਰ ਗਲਤੀਆਂ ਕਰਦੇ ਹਨ, ਉਹ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਖਤਰੇ 'ਚ ਪਾਉਂਦੇ ਹਨ। ਉਨਾਂ ਕਿਹਾ ਕਿ ਅਜਿਹੇ ਵਿਅਕਤੀਆਂ ਦੇ ਚਲਾਣ ਕੱਟੇ ਜਾਣ ਤਾਂ ਜੋ ਉਹ ਆਪਣੀ ਗਲਤੀ ਕਾਰਨ ਲੱਗੇ ਜੁਰਮਾਨੇ ਨੂੰ ਯਾਦ ਰੱਖਦੇ ਹੋਏ ਅੱਗੇ ਤੋਂ ਦੁਬਾਰਾ ਗਲਤੀ ਨਾ ਕਰਨ।

ਉਨਾਂ ਕਿਹਾ ਕਿ ਸਭ ਤੋਂ ਵਧੇਰੇ ਅਣਗਹਿਲੀ ਲੋਕ ਮਾਸਕ ਨਾ ਪਹਿਨਣ 'ਚ ਕਰਦੇ ਹਨ ਅਤੇ ਉਨਾਂ ਨੂੰ ਸਰਕਾਰ ਵੱਲੋਂ ਤੈਅ ਰਕਮ 500 ਰੁਪਏ ਦਾ ਜੁਰਮਾਨਾ ਕੀਤਾ ਜਾਵੇ। ਉਨਾਂ ਕਿਹਾ ਕਿ ਇਸੇ ਤਰਾਂ ਜਨਤਕ ਥਾਂਵਾਂ 'ਤੇ ਥੁੱਕ ਸੁੱਟਣ ਦੀ ਮਨਾਹੀ ਹੈ ਅਤੇ ਜੋ ਵਿਅਕਤੀ ਜਾਣੇ-ਅਣਜਾਣੇ ਵਿਚ ਅਜਿਹਾ ਕਰਦੇ ਹਨ ਉਨਾਂ ਦਾ ਵੀ 500 ਰੁਪਏ ਦਾ ਚਲਾਨ ਕੱਟਿਆ ਜਾਵੇ। ਉਨਾਂ ਦੱਸਿਆ ਕਿ ਥੁੱਕ ਸੁੱਟ ਕੇ ਅਸੀਂ ਕੋਰੋਨਾ ਦੇ ਫੈਲਣ ਦੇ ਖਤਰੇ ਨੂੰ ਵਧਾਉਂਦੇ ਹਾਂ , ਇਸ ਲਈ ਸਾਨੂੰ ਸਮਝਦਾਰ ਬਣਨਾ ਚਾਹੀਦਾ ਹੈ।

ਉਨਾਂ ਅੱਗੇ ਦੱਸਿਆ ਕਿ ਉਕਤ ਦੋ ਉਲੰਘਣਾਵਾਂ ਤੋਂ ਇਲਾਵਾ ਜਿਹੜੀ ਤੀਸਰੀ ਗਲਤੀ ਅਕਸਰ ਲੋਕ ਕਰਦੇ ਹਨ , ਉਹ ਵਾਹਨਾਂ 'ਚ ਮਿੱਥੀ ਗਿਣਤੀ ਤੋਂ ਵਧੇਰੇ ਸਵਾਰੀਆਂ ਨੂੰ ਬਿਠਾਉਣਾ ਹੈ , ਜਿਸ ਕਾਰਨ ਸਰਕਾਰ ਵੱਲੋਂ ਨਿਰਧਾਰਿਤ ਪ੍ਰੋਟੋਕਾਲ ਦੀ ਉਲੰਘਣਾ ਹੁੰਦੀ ਹੈ। ਉਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਰੰਭੇ ਮਿਸ਼ਨ ਫ਼ਤਿਹ ਨੂੰ ਕਾਮਯਾਬ ਕਰਨ 'ਚ ਸਮਾਜ ਦਾ ਵੱਡਾ ਹੱਥ ਹੈ। ਜੇਕਰ ਅਸੀਂ ਲਾਕਡਾਊਨ ਨਿਯਮਾਂ ਦੀ ਪੂਰੀ ਤਰਾਂ ਪਾਲਣਾ ਕਰਾਂਗੇ ਤਾਂ ਇਸ ਨਾਲ ਜਿੱਥੇ ਕੋਰੋਨਾ ਦੇ ਖਤਰੇ ਨੂੰ ਦੂਰ ਕਰਾਂਗੇ ਉੱਥੇ ਆਪਣੇ ਜ਼ਿਲੇ ਅਤੇ ਰਾਜ ਵਿੱਚੋਂ ਕੋਵਿਡ ਨੂੰ ਖ਼ਤਮ ਕਰਨ 'ਚ ਵੀ ਸਹਾਇਤਾ ਕਰਾਂਗੇ।

==========

**File No.DIPR-PRSS0PRS1(356)/1785/2020-DPRO Amritsar**

**I/31871/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਮਿਸ਼ਨ ਫ਼ਤਿਹ ਨੂੰ ਕਾਮਯਾਬ ਕਰਨ ਲਈ ਲੋਕ ਜਾਗ੍ਰੂਰਕਤਾ ਵਾਸਤੇ ਜੀ ਓ ਜੀ ਵੀ ਹੋਏ ਸਰਗਰਮ

ਮੂੰਹ ਢਕਣ, ਹੱਥ ਵਾਰ-ਵਾਰ ਧੋਣ ਅਤੇ ਸਮਾਜਿਕ ਦੂਰੀ ਰੱਖਣ ਲਈ ਕੀਤਾ ਜਾ ਰਿਹਾ ਹੈ ਪ੍ਰੇਰਿਤ

ਅੰਮ੍ਰਿਤਸਰ, 7 ਜੂਨ ( )-ਪੰਜਾਬ ਸਰਕਾਰ ਵੱਲੋਂ ਕੋਰੋਨਾ 'ਤੇ ਫ਼ਹਿਤ ਪਾਉਣ 'ਚ ਲੋਕਾਂ ਦੀ ਭਾਗੀਦਾਰੀ ਵਧਾਉਣ ਵਾਸਤੇ ਅਤੇ ਉਨਾਂ ਨੂੰ ਪ੍ਰੇਰਿਤ ਕਰਨ ਲਈ ਆਰੰਭੇ ਮਿਸ਼ਨ ਫ਼ਤਿਹ ਪੰਜਾਬ ਤਹਿਤ ਜ਼ਿਲੇ 'ਚ ਲੋਕ ਜਾਗਰੂਕਤਾ ਲਈ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਨਾਲ-ਨਾਲ ਜੀ ਓ ਜੀ ਵੀ ਸਰਗਰਮ ਹੋ ਗਏ ਹਨ।

ਜੀ ਓ ਜੀਜ਼ ਵੱਲੋਂ ਆਪਣੇ ਪੱਧਰ ਉਤੇ ਪਿੰਡਾਂ ਵਿਚ ਲੋਕਾਂ ਨੂੰ ਮਿਸ਼ਨ ਫ਼ਤਿਹ ਦੇ ਮੁਢਲੇ ਉਦੇਸ਼ ਤਹਿਤ ਜਾਣਕਾਰੀ ਦਿੱਤੀ ਜਾ ਰਹੀ ਹੈ ਕਿ ਉਹ ਕੰਮ ਕਰਦੇ ਮੌਕੇ ਆਪਣਾ ਮੂੰਹ ਢਕ ਕੇ ਰੱਖਣ , ਹੱਥਾਂ ਨੂੰ ਨਿਸ਼ਚਿਤ ਸਮੇਂ ਬਾਅਦ ਧੋਣ , ਇੱਕ ਦੂਸਰੇ ਨੂੰ ਛੂਹਣ ਤੋਂ ਬਚਣ ਅਤੇ ਘੱਟ ਤੋਂ ਘੱਟ 6 ਗਜ਼ ਦਾ ਇੱਕ ਦੂਸਰੇ ਤੋਂ ਫ਼ਾਸਲਾ ਰੱਖਣ।

ਜੀ ਓ ਜੀ ਦੇ ਜ਼ਿਲਾ ਮੁਖੀ ਸੇਵਾ ਮੁਕਤ ਕਰਨਲ ਸਰਬਿੰਦਰ ਸਿੰਘ ਨੇ ਦੱਸਿਆ ਕਿ ਉਨਾਂ ਵੱਲੋਂ ਆਪਣੇ ਸਮੂਹ ਜੀ ਓ ਜੀਜ਼ ਨੂੰ ਮਿਸ਼ਨ ਫ਼ਤਿਹ ਦੇ ਮੰਤਵ ਨੂੰ ਘਰ-ਘਰ ਪਹੁੰਚਾਉਣ ਲਈ ਕਿਹਾ ਗਿਆ ਹੈ ਤਾਂ ਜੋ ਆਪਣੇ ਜ਼ਿਲੇ ਤੇ ਸੂਬੇ ਨੂੰ ਕੋਰੋਨਾ ਮੁਕਤ ਕਰਨ ਲਈ ਜ਼ਿਲਾ ਪ੍ਰਸ਼ਾਸਨ ਅਤੇ ਸਰਕਾਰ ਵੱਲੋਂ ਆਰੰਭੇ ਯਤਨਾਂ ਨੂੰ ਰਲ-ਮਿਲ ਕੇ ਕਾਮਯਾਬ ਕੀਤਾ ਜਾਵੇ।

ਉਨਾਂ ਦੱਸਿਆ ਕਿ ਪਿੰਡਾਂ ਵਿਚ ਚੱਲਦੇ ਸਰਕਾਰੀ , ਗੈਰ-ਸਰਕਾਰੀ ਤੇ ਨਿੱਜੀ ਕਾਰੋਬਾਰ ਦੇ ਨਾਲ-ਨਾਲ ਕਿਰਸਾਨੀ ਖੇਤਰ ਵਿਚ ਲੱਗੇ ਕਾਮਿਆਂ ਨੂੰ ਵੀ ਕੋਵਿਡ ਨਿਯਮਾਂ ਦੀ ਪਾਲਣਾ ਯਕੀਨੀ ਬਨਾਉਣ ਲਈ ਕਿਹਾ ਜਾ ਰਿਹਾ ਹੈ, ਤਾਂ ਜੋ ਪੇਂਡੂ ਖੇਤਰ ਕੋਵਿਡ ਦੀ ਲਾਗ ਤੋਂ ਬਚੇ ਰਹਿਣ। ਉਨਾਂ ਕਿਹਾ ਕਿ ਇਸ ਤੋਂ ਇਲਾਵਾ ਮਨਰੇਗਾ ਕਾਮਿਆਂ ਤੱਕ ਵੀ ਸਾਬਕਾ ਫੌਜੀ ਜਵਾਨਾਂ ਵੱਲੋਂ ਪਹੁੰਚ ਕੀਤੀ ਜਾ ਰਹੀ ਹੈ ਅਤੇ ਇਨਾਂ ਮਜ਼ਦੂਰਾਂ ਨੂੰ ਕੋਡਿਵ ਤੋਂ ਬਚਣ ਦੇ ਤਰੀਕਿਆਂ ਬਾਰੇ ਦੱਸ ਰਹੇ ਹਨ। ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਕਣਕ ਦੀ ਖਰੀਦ ਵਿਚ ਵੀ ਸਾਬਕਾ ਫੌਜੀਆਂ ਨੇ ਮੰਡੀਆਂ ਵਿਚ ਪਹੁੰਚ ਕੇ ਕਿਸਾਨਾਂ , ਮਜ਼ਦੂਰਾਂ ਤੇ ਆੜਤੀਆਂ ਨੂੰ ਸਿਹਤ ਵਿਭਾਗ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਕਣਕ ਦੀ ਖਰੀਦ ਪੂਰੀ ਕਰਨ ਵਿਚ ਵੱਡੀ ਜ਼ਿੰਮੇਵਾਰੀ ਨਿਭਾਈ ਸੀ।

===========

**File No.DIPR-PRSS0PRS1(356)/1785/2020-DPRO Amritsar**

**I/31873/2020**

ਦਫਤਰ ਜਿਲਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਲੋਕ ਲਾਕਡਾਊਨ ਵਿਚ ਸਾਵਧਾਨੀਆਂ ਦਾ ਪਾਲਣ ਕਰਨਾ ਯਕੀਨੀ ਬਨਾਉਣ- ਵਧੀਕ ਡਿਪਟੀ ਕਮਿਸ਼ਨਰ

ਕੋਵਿਡ ਕੋਮਬੇਟ ਕਮੇਟੀ ਦੀ ਹੋਈ ਬੈਠਕ

ਕੋਵਿਡ ਦੇ ਲਗਾਤਾਰ ਵੱਧ ਰਹੇ ਕੇਸਾਂ ਨੂੰ ਲੋਕ ਗੰਭੀਰਤਾ ਨਾਲ ਲੈਣ-ਡਾ. ਹਿਮਾਸ਼ੂੰ

ਅੰਮ੍ਰਿਤਸਰ, 7 ਜੂਨ ( )-ਕੋਵਿਡ-19 ਵਿਰੁੱਧ ਜਿਲਾ ਪੱਧਰ ਉਤੇ ਬਣਾਈ 'ਕੋਵਿਡ ਕੋਮਬਟ ਕਮੇਟੀ' ਦੀ ਮੀਟਿੰਗ ਨੂੰ ਸੰਬਧਨ ਕਰਦੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜਿਲੇ ਵਿਚ ਲਗਤਾਰ ਕੋਵਿਡ ਦੇ ਵੱਧ ਰਹੇ ਕੇਸਾਂ ਨੂੰ ਕਾਬੂ ਪਾਉਣ ਲਈ ਜ਼ਰੂਰੀ ਹੈ ਕਿ ਲੋਕ ਲਾਕਡਾਊਨ ਨੂੰ ਢਿੱਲੇ ਵਿਚ ਨਾ ਲੈਣ ਤੇ ਘਰ ਤੋਂ ਬਾਹਰ ਨਿਕਲਦੇ ਵਕਤ ਸਿਹਤ ਵਿਭਾਗ ਵੱਲੋਂ ਦਿੱਤੀ ਹਰ ਸਾਵਧਾਨੀ ਨੂੰ ਅਪਨਾਉਣ। ਉਨਾਂ ਕਿਹਾ ਕਿ ਸਰਕਾਰ ਵੱਲੋਂ ਕਰਫਿਊ ਹਟਾਉਣ ਦਾ ਕਾਰਨ ਕੋਵਿਡ ਦਾ ਖਾਤਮਾ ਨਹੀਂ ਹੈ ਬਲਕਿ ਲੋਕਾਂ ਦੀਆਂ ਜ਼ਰੂਰੀ ਲੋੜਾਂ ਦੀ ਪੂਰਤੀ ਲਈ ਇਹ ਕਦਮ ਚੁੱਕਿਆ ਗਿਆ ਹੈ। ਉਨਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਮਾਸਕ, ਆਪਸੀ ਦੂਰੀ, ਹੱਥਾਂ ਦੀ ਸਫਾਈ ਵਰਗੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਹੀ ਆਪਣੇ ਕੰਮ-ਕਾਰ ਕਰਨੇ ਚਾਹੀਦੇ ਹਨ।

ਮੀਟਿੰਗ ਦੌਰਾਨ ਸ੍ਰੀ ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਮਿਸ਼ਨ ਫਤਿਹ ਦੀ ਸ਼ੁਰੂਆਤ ਕੋਵਿਡ ਉਤੇ ਜਿੱਤ ਪਾਉਣ ਦੇ ਅਹਿਦ ਵਜੋਂ ਕੀਤੀ ਗਈ ਹੈ , ਪਰ ਇਸ ਲਈ ਲੋਕਾਂ ਦੇ ਸਹਿਯੋਗ ਦੀ ਵੱਡੀ ਲੋੜ ਹੈ। ਉਨਾਂ ਕਿਹਾ ਕਿ ਮਿਸ਼ਨ ਨੂੰ ਕਾਮਯਾਬ ਕਰਨ ਲਈ ਅਸੀਂ ਕੋਵਿਡ 19 ਨਾਲ ਨਿਪਟਣ ਲਈ ਅਨੇਕ ਉਪਰਾਲੇ ਕਰ ਰਹੇ ਹਨ, ਹਰ ਸ਼ੱਕੀ ਮਰੀਜ਼ ਦਾ ਟੈਸਟ ਕੀਤਾ ਜਾ ਰਿਹਾ ਹੈ ਅਤੇ ਪਾਜ਼ੀਟਵ ਕੇਸ ਦੇ ਸੰਪਰਕਾਂ ਦੀ ਗੰਭੀਰਤਾ ਨਾਲ ਜਾਂਚ ਹੋ ਰਹੀ ਹੈ। ਪੰਜਾਬ ਤੋਂ ਬਾਹਰੋਂ ਆਉਣ ਵਾਲੇ ਹਰੇਕ ਵਿਅਕਤੀ ਲਈ 14 ਦਿਨਾਂ ਦਾ ਏਕਾਂਤਵਾਸ ਲਾਜਮੀ ਹੈ। ਪਰ ਇਨਾਂ ਉਪਰਾਲਿਆਂ ਦਾ ਸਹੀ ਲਾਭ ਤਾਂ ਹੀ ਹੈ ਜੇਕਰ ਲੋਕ ਘਰ ਤੋਂ ਬਾਹਰ ਨਿਕਲਦੇ ਵਕਤ ਜ਼ਰੂਰੀ ਸਾਵਧਾਨੀਆਂ ਦਾ ਪਾਲਣ ਕਰਨ। ਸ਼ੱਕੀ ਵਿਅਕਤੀ ਤਰੁੰਤ ਸਾਨੂੰ ਖਬਰ ਕਰੇ ਅਤੇ ਅਸੀਂ ਉਸਦਾ ਟੈਸਟ ਕਰਵਾ ਸਕੀਏ।

ਉਨਾਂ ਦੱਸਿਆ ਕਿ ਪੰਜਾਬ ਤੋਂ ਬਾਹਰੋਂ ਆਏ ਵਿਅਕਤੀ ਨੂੰ ਪਹਿਲੇ 7 ਦਿਨ ਉਸ ਦੀ ਮਰਜੀ ਮੁਤਾਬਿਕ ਹੋਟਲ ਜਾਂ ਸਰਕਾਰੀ ਕੇਂਦਰ ਵਿਖੇ ਰੱਖਿਆ ਜਾਵੇਗਾ ਅਤੇ ਉਸ ਤੋਂ ਬਾਅਦ ਟੈਸਟਿੰਗ ਰਿਪੋਰਟ ਨੈਗੇਟਿਵ ਆਉਣ ਦੀ ਸੂਰਤ ਵਿਚ ਅਗਲੇ 7 ਦਿਨ ਆਪਣੇ ਘਰ ਵਿੱਚ ਹੀ ਏਕਾਂਤਵਾਸ ਰਹਿਣਾ ਪਵੇਗਾ। ਉਨਾਂ ਦੱਸਿਆ ਕਿ ਰਿਪੋਰਟ ਪਾਜਟਿਵ ਆਉਣ ਦੀ ਸੂਰਤ ਵਿੱਚ ਉਸ ਵਿਅਕਤੀ ਨੂੰ ਆਈਸੋਲੇਸ਼ਨ ਵਾਰਡ ਵਿੱਚ ਭਰਤੀ ਕੀਤਾ ਜਾ ਰਿਹਾ ਹੈ। ਉਨਾਂ ਦੱਸਿਆ ਕਿ ਬਾਹਰੋਂ ਆਏ ਹਰੇਕ ਵਿਅਕਤੀ ਲਈ ਕੋਵਾ ਐਪ ਡਾਊਨਲੋਡ ਕਰਨਾ ਵੀ ਲਾਜਮੀ ਹੋਵੇਗਾ।

ਸ੍ਰੀ ਹਿਮਾਂਸ਼ੂ ਨੇ ਦੱਸਿਆ ਕਿ ਸਰਕਾਰੀ ਨਿਯਮਾਂ ਦੀ ਪਾਲਣਾ ਨਾ ਕਰਨ ਉਤੇ ਡਿਪਟੀ ਕਮਿਸ਼ਨਰ ਵੱਲੋਂ ਪੁਲਿਸ ਨੂੰ ਸਖਤ ਕਾਰਵਾਈ ਕਰਨ ਦੀਆਂ ਹਦਾਇਤਾਂ ਕੀਤੀਆਂ ਗਈਆਂ ਹਨ ਅਤੇ ਉਨਾਂ ਨੂੰ ਭਾਰੀ ਜੁਰਮਾਨੇ ਵੀ ਕੀਤੇ ਜਾਣਗੇ। ਉਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਬਾਹਰ ਜਾਂਦੇ ਸਮੇਂ ਮਾਸਕ ਦੀ ਵਰਤੋਂ ਕਰਨ ਅਤੇ ਸਮਾਜਿਕ ਦੂਰੀ ਨਿਯਮਾਂ ਦੀ ਪਾਲਣਾ ਕਰਨ। ਇਸ ਮੌਕੇ ਸ੍ਰੀਮਤੀ ਅਨਮਜੋਤ ਕੌਰ ਸਹਾਇਕ ਕਮਿਸ਼ਨਰ ਜਨਰਲ , ਡਾ: ਜੁਗਲ ਕਿਸ਼ੋਰ ਸਿਵਲ ਸਰਜਨ , ਡਾ ਮਦਨ ਮੋਹਨ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਕੈਪਸ਼ਨ

ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਅਗਰਵਾਲ 'ਕੋਵਿਡ ਕੋਮਬੇਟ ਕਮੇਟੀ' ਦੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ।

-----